**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 5/32-2011 ਦਅ(5) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 08.04.2016

ਸ੍ਰੀ ਸੰਦੀਪ ਭਟਨਾਗਰ, ਕਲਰਕ, ਸਸਸਸ ਬੱਖੋਪੀਰ, ਜ਼ਿਲ੍ਹਾ ਸੰਗਰੂਰ ਜੋ ਮਿਤੀ 07-02-2007 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਦਾ ਰਿਹਾ ਹੈ, ਨੂੰ ਵਿਭਾਗ ਦੇ ਹੁਕਮ ਨੰ: 5/32..-2011 ਦਅ(5) ਮਿਤੀ 21.01.11 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ੍ਰੀ ਸੰਦੀਪ ਭਟਨਾਗਰ, ਕਲਰਕ, ਸਸਸਸ ਬੱਖੋਪੀਰ, ਜ਼ਿਲ੍ਹਾ ਸੰਗਰੂਰ ਵਿਰੁੱਧ ਦੋਸ਼ ਸੂਚੀ ਵਿੱਚ ਲੱਗੇ ਦੋਸ਼ਾਂ ਦੀ ਸਚਾਈ ਜਾਨਣ ਲਈ ਵਿਭਾਗ ਦੇ ਹੁਕਮ ਨੰ: 5/32-11 ਦਅ(5) ਮਿਤੀ 30.08.11 ਰਾਹੀਂ ਸ਼੍ਰੀਮਤੀ ਪਰਮਜੀਤ ਕੌਰ, ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਸੰਗਰੂਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਪੜਤਾਲ ਰਿਪੋਰਟ ਵਿੱਚ ਕਰਮਚਾਰੀ ਦੇ ਮਿਤੀ 07-02-07 ਤੋਂ ਮਿਤੀ 11-03-12 ਤੱਕ ਅਤੇ ਮੁੜ ਮਿਤੀ 28-03-12 ਤੋਂ ਲੈ ਕੇ ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ। ਕਰਮਚਾਰੀ ਦੀ ਮਿਤੀ 28-03-15 ਨੂੰ ਮੌਤ ਹੋ ਚੁੱਕੀ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀ ਸੰਦੀਪ ਭਟਨਾਗਰ, ਕਲਰਕ, ਸਸਸਸ ਬੱਖੋਪੀਰ, ਜ਼ਿਲ੍ਹਾ ਸੰਗਰੂਰ ਦੇ ਮਿਤੀ 07-02-07 ਤੋਂ ਮਿਤੀ 11-03-12 ਤੱਕ ਅਤੇ ਮੁੜ ਮਿਤੀ 28-03-12 ਤੋਂ ਲਗਾਤਾਰ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸਰਵਿਸਿਜ਼ ਰੂਲਜ਼ ਵਾਲਿਊਮ-2 ਦੇ ਨਿਯਮ 3.17 ਏ-2 ਅਧੀਨ ਇਸ ਦੀਆਂ ਸੇਵਾਵਾਂ forfeit ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 64093 ਮਿਤੀ, ਐਸ.ਏ.ਐਸ.ਨਗਰ :- 25/4/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਸੰਗਰੂਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ਮੁੱਖਅਧਿਆਪਕ, ਸਸਸਸ ਬੱਖੋਪੀਰ, ਜ਼ਿਲ੍ਹਾ ਸੰਗਰੂਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ੍ਰੀ ਸੰਦੀਪ ਭਟਨਾਗਰ, ਕਲਰਕ, ਸਸਸਸ ਬੱਖੋਪੀਰ, ਜ਼ਿਲ੍ਹਾ ਸੰਗਰੂਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ